# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 pm**

**ਮਿਤੀ: 31-05-2025**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ- ਪਹਿਲਗਾਮ ਦਹਿਸ਼ਤਗਰਦੀ ਹਮਲਾ, ਦੇਸ਼ ਦੀ ਮਹਿਲਾ ਸ਼ਕਤੀ ਲਈ ਇੱਕ ਚੁਣੌਤੀ ਸੀ ਜੋ ਦੋਸ਼ੀਆਂ ਲਈ ਮਾਰੂ ਸਾਬਤ ਹੋਈ ਏ।
- ਪੰਜਾਬ ਵਿੱਚ ''ਆਪ੍ਰੇਸ਼ਨ ਸ਼ੀਲਡ'' ਤਹਿਤ ਅੱਜ ਦੂਜੀ ਮੌਕ ਡ੍ਰਿਲ ਹੋ ਰਹੀ ਏ ।
- ਪੰਜਾਬ ਪੁਲਿਸ ਜ਼ਮਾਨਤ 'ਤੇ ਰਿਹਾਅ ਹੋਏ ਨਸ਼ਾ ਤਸਕਰਾਂ ਦੀਆਂ ਗਤੀਵਿਧੀਆਂ 'ਤੇ ਨਜ਼ਰ ਰੱਖਣ ਅਤੇ ਨਿਗਰਾਨੀ ਕਰਨ ਲਈ ਜੀ.ਪੀਐ.ਸ ਐਨਕਲੇਟਸ ਦੀ ਵਰਤੋਂ ਬਾਰੇ ਵਿਚਾਰ ਕਰ ਰਹੀ ਏ।
- ਤੰਬਾਕੂ ਦੀ ਵਰਤੋਂ ਦੇ ਖ਼ਤਰਿਆਂ ਪ੍ਰਤੀ ਜਾਗਰੂਕਤਾ ਪੈਦਾ ਕਰਨ ਲਈ, ਅੱਜ ਵਿਸ਼ਵ ਤੰਬਾਕੂ ਮੁਕਤ ਦਿਵਸ ਮਨਾਇਆ ਜਾ ਰਿਹਾ ਏ-ਪੰਜਾਬ ਵਿਚ ਵੱਖ-ਵੱਖ ਪ੍ਰੋਗਰਾਮਾਂ ਦਾ ਆਯੋਜਨ।

- ਏਕ ਭਾਰਤ ਸ਼੍ਰੇਸ਼ਠ ਭਾਰਤ' ਤਹਿਤ, BSF ਵਲੋਂ ਅੰਮ੍ਰਿਤਸਰ ਵਿੱਚ ਇੱਕ ਸਾਇਕਲ ਰੈਲੀ ਕੱਢੀ ਗਈ।
- ਭਾਰਤ ਦੀ ਮੋਨਾ ਅਗਰਵਾਲ ਨੇ, 2025 ਪੈਰਾ ਸ਼ੂਟਿੰਗ ਵਿਸ਼ਵ ਕੱਪ ਨਿਸ਼ਾਨੇਬਾਜ਼ੀ ਵਿੱਚ ਚਾਂਦੀ ਦਾ ਤਮਗਾ ਜਿੱਤਿਆ ।

---------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਪਹਿਲਗਾਮ ਦਹਿਸ਼ਤਗਰਦੀ ਹਮਲਾ ਭਾਰਤ ਦੀ ਮਹਿਲਾ ਸ਼ਕਤੀ ਲਈ ਇੱਕ ਚੁਣੌਤੀ ਸੀ ਅਤੇ ਇਹ ਇਸ ਹਮਲੇ ਦੀ ਸਾਜ਼ਿਸ਼ ਰਚਣ ਵਾਲਿਆਂ ਲਈ ਮੌਤ ਦਾ ਸੁਨੇਹਾ ਸਾਬਤ ਹੋਇਆ ਏ। ਭੋਪਾਲ ਵਿੱਚ ਆਯੋਜਿਤ ਇੱਕ ਜਨਤਕ ਮੀਟਿੰਗ ਵਿੱਚ, ਸ਼੍ਰੀ ਮੋਦੀ ਨੇ ਕਿਹਾ ਕਿ ਭਾਰਤ ਕਿਸੇ ਵੀ ਤਰ੍ਹਾਂ ਦੀ ਜੰਗ ਨੂੰ ਬਰਦਾਸ਼ਤ ਨਹੀਂ ਕਰੇਗਾ ਅਤੇ ਅਜਿਹੀ ਕਿਸੇ ਵੀ ਦਹਿਸ਼ਤਗਰਦੀ ਕਾਰਵਾਈ ਨਾਲ ਸਖ਼ਤੀ ਨਾਲ ਨਜਿੱਠਿਆ ਜਾਵੇਗਾ।

**BYTE:**

ਪ੍ਰਧਾਨ ਮੰਤਰੀ ਅੱਜ ਮੱਧ ਪ੍ਰਦੇਸ਼ ਦੀ ਰਾਜਧਾਨੀ ਭੋਪਾਲ ਦੇ ਜੰਬੂਰੀ ਮੈਦਾਨ ਵਿੱਚ ਲੋਕਮਾਤਾ ਦੇਵੀ ਅਹਿਲਿਆ ਬਾਈ ਦੀ 300ਵੀਂ ਜਯੰਤੀ

'ਤੇ ਆਯੋਜਿਤ ਮਹਿਲਾ ਸਸ਼ਕਤੀਕਰਨ ਮਹਾਂ ਸੰਮੇਲਨ ਵਿੱਚ ਸ਼ਿਰਕਤ ਕਰ ਰਹੇ ਸਨ। ਆਪ੍ਰੇਸ਼ਨ ਸਿੰਦੂਰ ਦੇਸ਼ ਦੇ ਇਤਿਹਾਸ ਵਿੱਚ ਹੁਣ ਤੱਕ ਦੀ ਸਭ ਤੋਂ ਵੱਡੀ ਸਫਲਤਾ ਏ।

BYTE:

---------------------------------------------------------------

ਪੰਜਾਬ ਵਿੱਚ ''ਆਪ੍ਰੇਸ਼ਨ ਸ਼ੀਲਡ'' ਤਹਿਤ ਅੱਜ ਦੂਜੀ ਮੌਕ ਡ੍ਰਿਲ ਕੀਤੀ ਜਾ ਰਹੀ ਏ। ਹੋਮ ਗਾਰਡ ਦੇ ਵਿਸ਼ੇਸ਼ ਪੁਲਿਸ ਡਾਇਰੈਕਟਰ ਜਨਰਲ, ਸੰਜੀਵ ਕਾਲੜਾ ਨੇ, ਜੋ ਸਿਵਲ ਡਿਫੈਂਸ ਦੇ ਡਾਇਰੈਕਟਰ ਵੀ ਹਨ ਨੇ, ਗ੍ਰਿਹ ਮੰਤਰਾਲੇ ਤੋਂ ਦਿਸ਼ਾ-ਨਿਰਦੇਸ਼ ਮਿਲਣ ਤੋਂ ਬਾਅਦ ਇਸ ਸਬੰਧ ਵਿੱਚ ਹੁਕਮ ਜਾਰੀ ਕੀਤੇ। ਇਹ ਮੌਕ ਡਰਿੱਲ ਅਹਤਿਆਤਨ ਕੀਤਾ ਜਾ ਰਿਹਾ ਇੱਕ ਅਭਿਆਸ ਏ। ਇਸ ਵਿਚ ਘਬਰਾਉਣ ਦੀ ਕੋਈ ਲੋੜ ਨਹੀਂ ਏ। ਨਾਗਰਿਕਾਂ ਨੂੰ ਦੱਸੇ ਗਏ ਨਿਰਦੇਸ਼ਾਂ ਦੀ ਪਾਲਣਾ ਅਤੇ ਜਾਅਲੀ ਖ਼ਬਰਾਂ ਨੂੰ ਨਜ਼ਰ ਅੰਦਾਜ਼ ਕਰਨ ਦੀ ਅਪੀਲ ਕੀਤੀ ਜਾਂਦੀ ਏ। ਇਹ ਡ੍ਰਿਲ ਕਿਸੇ ਵੀ ਦੁਸ਼ਮਣ ਹਮਲੇ ਦੇ ਵਿਰੁੱਧ ਸਿਵਲ ਡਿਫੈਂਸ ਦੀ ਤਿਆਰੀ ਨੂੰ ਵਧਾਉਣ ਲਈ ਪੂਰੇ ਸਰਹੱਦੀ ਸੂਬੇ ਪੰਜਾਬ ਵਿੱਚ ਕੀਤੀ ਜਾ ਰਹੀ ਏ। ਸਾਰੀਆਂ

ਸਬੰਧਤ ਸੁਰੱਖਿਆ ਏਜੰਸੀਆਂ, ਫਾਇਰ ਬ੍ਰਿਗੇਡ, ਸਿਵਲ ਡਿਫੈਂਸ ਵਲੰਟੀਅਰ ਇਸ ਵਿੱਚ ਹਿੱਸਾ ਲੈ ਰਹੇ ਨੇ ।ਵੱਖ-ਵੱਖ ਜ਼ਿਲ੍ਹਿਆਂ ਦੇ ਡਿਪਟੀ ਕਮਿਸ਼ਨਰਾਂ ਨੇ ਡ੍ਰਿਲ ਬਾਰੇ ਜਨਤਕ ਨਿਰਦੇਸ਼ ਜਾਰੀ ਕੀਤੇ ਨੇ। ਹਵਾਈ ਹਮਲੇ ਦੀ ਚੇਤਾਵਨੀ ਦੇਣ ਵਾਲੇ ਹੂਟਰ ਦੱਸੇ ਗਏ ਸਮੇਂ ਦੌਰਾਨ ਪੂਰੀ ਤਰ੍ਹਾਂ ਬਲੈਕ-ਆਊਟ ਦੇ ਨਾਲ ਵਜਾਏ ਜਾਣਗੇ ਅਤੇ ਜਨਤਾ ਨੂੰ ਨਿਰਦੇਸ਼ਨ ਦੀ ਉਸੇ ਤਰ੍ਹਾਂ ਪਾਲਣਾ ਕਰਨੀ ਏ ਜਿਵੇਂ 7 ਮਈ ਅਤੇ ਉਸ ਤੋਂ ਬਾਅਦ ਕੀਤੀ ਗਈ ਸੀ । ਇਨਵਰਟਰਾਂ ਜਾਂ ਜਨਰੇਟਰਾਂ ਨਾਲ ਚਲਣ ਵਾਲੀਆਂ ਲਾਈਟਾਂ ਸਮੇਤ ਸਾਰੀਆਂ ਲਾਈਟਾਂ ਬੰਦ ਕਰਨੀਆਂ ਹੋਣਗੀਆਂ। ਸੜਕ 'ਤੇ ਵਾਹਨਾਂ ਨਾਲ ਸਫ਼ਰ ਕਰਨ ਵਾਲਿਆਂ ਨੂੰ ਵੀ ਆਪਣੀਆਂ ਲਾਈਟਾਂ ਬੰਦ ਕਰਨ ਦੀ ਬੇਨਤੀ ਕੀਤੀ ਜਾਂਦੀ ਏ । ਜਨਤਕ ਸਹਾਇਤਾ ਲਈ ਐਮਰਜੈਂਸੀ ਟੈਲੀਫੋਨ ਨੰਬਰ ਵੀ ਜਾਰੀ ਕੀਤੇ ਗਏ ਨੇ। ਜਲੰਧਰ ‘ਚ ਮੌਕ ਡ੍ਰਿਲ ਦਾ ਸਮਾਂ ਰਾਤ ਸਾਢੇ 9 ਤੋਂ 10 ਵਜੇ ਤਕ ਦਾ ਏ। ਬਠਿੰਡਾ ਵਿੱਚ ਸ਼ਾਮ ਸਾਢੇ 8 ਵਜੇ ਤੋਂ 8 ਵਜ ਕੇ 40 ਤੱਕ ਬਲੈਕ ਆਊਟ ਰਹੇਗਾ। ਜ਼ਿਲ੍ਹਾ ਤਰਨ ਤਾਰਨ ਵਿੱਚ ਸ਼ਾਮ ਸਾਢੇ 8 ਵਜੇ ਤੋਂ 9 ਵਜੇ ਤੱਕ ਬਲੈਕ ਆਊਟ ਅਭਿਆਸ ਕੀਤਾ ਜਾਵੇਗਾ। ਪਟਿਆਲਾ

ਦੇ ਪੋਲੋ ਗਰਾਊਂਡ ਵਿਖੇ ਸ਼ਾਮ 5 ਤੋਂ ਸ਼ੁਰੂ ਹੋਈ ਮੌਕ ਡਰਿੱਲ 8 ਵਜੇ ਤੱਕ ਹੋਵੇਗੀ ਇਸੇ ਤਰਾਂ ਲਾਲ ਬਾਗ਼ ਕਲੋਨੀ ਵਿਖੇ ਰਾਤ 8 ਵਜੇ ਤੋਂ 8 ਵਜ ਕੇ 10 ਮਿੰਟ ਤੱਕ ਬਲੈਕ ਆਊਟ ਕੀਤਾ ਜਾਵੇਗਾ। ਇਸੇ ਤਰ੍ਹਾਂ ਹਿ ਹੋਰਨਾ ਜ਼ਿਲਿਆਂ ਵਿਚ ਵੀ ਮੌਕ ਡ੍ਰਿਲ ਅਭਿਆਸ ਤੇ ਬਲੈਕ ਆਊਟ ਕੀਤਾ ਜਾਏਗਾ. ਓਧਰ ਅੰਮ੍ਰਿਤਸਰ ਦੇ ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਨੇ ਬਲੈਕ ਆਊਟ ਬਾਰੇ ਜਾਣਕਾਰੀ ਦਿੰਦਿਆਂ ਦਸਿਆ।

---

ਪੰਜਾਬ ਪੁਲਿਸ ਜ਼ਮਾਨਤ 'ਤੇ ਰਿਹਾਅ ਹੋਏ ਨਸ਼ਾ ਤਸਕਰਾਂ ਦੀਆਂ ਗਤੀਵਿਧੀਆਂ 'ਤੇ ਨਜ਼ਰ ਰੱਖਣ ਅਤੇ ਨਿਗਰਾਨੀ ਕਰਨ ਲਈ ਜੀ.ਪੀ.ਐਸ ਐਨਕਲੇਟਸ ਦੀ ਵਰਤੋਂ ਬਾਰੇ ਵਿਚਾਰ ਕਰ ਰਹੀ ਏ। ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਅੱਜ ਇੱਕ ਪ੍ਰੈਸ ਕਾਨਫਰੰਸ ਵਿੱਚ ਜਾਣਕਾਰੀ ਦਿੰਦਿਆਂ ਦਸਿਆ ਕਿ ਜ਼ਮਾਨਤ 'ਤੇ ਰਿਹਾਅ ਹੋਏ ਵਿਅਕਤੀਆਂ 'ਤੇ ਹੋਵੇਗਾ, ਪੁਲਿਸ ਨੇ ਪਿੰਡ ਦੇ ਬਜ਼ੁਰਗਾਂ ਅਤੇ ਪਿੰਡ ਪੰਚਾਇਤਾਂ ਨੂੰ ਭਰੋਸੇ ਵਿੱਚ ਲੈ ਕੇ ਉਨ੍ਹਾਂ ਦੀਆਂ ਗਤੀਵਿਧੀਆਂ ਦੀ ਨਿਗਰਾਨੀ ਕਰਨ ਦੀ ਇੱਕ ਪ੍ਰਣਾਲੀ ਤਿਆਰ ਕੀਤੀ ਏ। ਉਨ੍ਹਾਂ ਕਿਹਾ ਕਿ

ਸਮਰੱਥ ਅਦਾਲਤ ਦੀ ਪ੍ਰਵਾਨਗੀ ਨਾਲ ਜੀ.ਪੀ.ਐਸ ਐਨਕਲੇਟਸ ਰਾਹੀਂ ਜ਼ਮਾਨਤ 'ਤੇ ਬਾਹਰ ਆਏ ਵੱਡੇ ਤਸਕਰਾਂ ਦੀਆਂ ਗਤੀਵਿਧੀਆਂ ਨੂੰ ਟਰੈਕ ਕਰਨ ਅਤੇ ਨਿਗਰਾਨੀ ਕਰਨ ਲਈ ਕਾਨੂੰਨੀ ਦ੍ਰਿਸ਼ਟੀਕੋਣ ਤੋਂ ਤਜਵੀਜ਼ ਦੀ ਜਾਂਚ ਕਰ ਕੀਤੀ ਜਾ ਰਹੀ ਏ ।ਨਸ਼ਿਆਂ ਵਿਰੁੱਧ ਨਿਰੰਤਰ ਕਾਰਵਾਈ ਜਾਰੀ ਰਹੇਗੀ, ਅਗਲੇ 60 ਦਿਨਾਂ ਵਿੱਚ ਨਸ਼ਿਆਂ ਦੇ ਤਸਕਰਾਂ ਵਿਰੁੱਧ ਕਾਰਵਾਈ ਲਈ ਜ਼ਿਲਿਆਂ, ਖੁਫੀਆ ਵਿਭਾਗ ਅਤੇ ਏ.ਐਨ.ਟੀ.ਐਫ ਦੇ ਸਹਿਯੋਗ ਨਾਲ ਨਸ਼ਿਆਂ ਦੇ ਤਸਕਰਾਂ ਅਤੇ ਸਪਲਾਇਰਾਂ ਦੀਆਂ ਨਵੀਆਂ ਸੂਚੀਆਂ ਤਿਆਰ ਕੀਤੀਆਂ ਜਾ ਰਹੀਆਂ ਨੇ । ਉਨ੍ਹਾਂ ਖੁਲਾਸਾ ਕੀਤਾ ਕਿ ਪੰਜਾਬ ਪੁਲਿਸ ਨੇ ਇਸ ਸਾਲ ਪਹਿਲੀ ਮਾਰਚ ਤੋਂ ਹੁਣ ਤੱਕ 14,734 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਏ ।

---

ਅੱਜ ਦੁਨੀਆ ਭਰ ਵਿੱਚ, ਤੰਬਾਕੂ ਦੀ ਵਰਤੋਂ ਦੇ ਖ਼ਤਰਿਆਂ ਪ੍ਰਤੀ ਜਾਗਰੂਕਤਾ ਪੈਦਾ ਕਰਨ ਲਈ, ਵਿਸ਼ਵ ਤੰਬਾਕੂ ਮੁਕਤ ਦਿਵਸ ਮਨਾਇਆ ਜਾ ਰਿਹਾ ਏ । ਇਹ ਦਿਨ ਵਿਸ਼ਵ ਸਿਹਤ ਸੰਗਠਨ ਵੱਲੋਂ

ਤੰਬਾਕੂ ਦੀ ਵਰਤੋਂ ਨੂੰ ਖਤਮ ਕਰਨ ਲਈ ਇੱਕ ਵਿਸ਼ਵ-ਵਿਆਪੀ ਪਹਿਲ ਏ ।

ਹੋਰ ਵੇਰਵੇ ਨਾਲ ਇਕ ਰਿਪੋਰਟ ਵਿਸ਼ਵ ਤੰਬਾਕੂ ਮੁਕਤ ਦਿਵਸ ਪਹਿਲੀ ਵਾਰ 1987 ਵਿੱਚ ਮਨਾਇਆ ਗਿਆ ਸੀ। ਵਿਸ਼ਵ ਸਿਹਤ ਸੰਗਠਨ ਮੁਤਾਬਿਕ, ਦੁਨੀਆ ਭਰ ਵਿੱਚ ਕਰੀਬ ਇਕ ਅਰਬ 30 ਕਰੋੜ ਲੋਕ ਤੰਬਾਕੂ ਦਾ ਸੇਵਨ ਕਰਦੇ ਨੇ, ਜੋ ਕਿ ਰੋਕਥਾਮਯੋਗ ਮੌਤਾਂ ਦੇ ਪ੍ਰਮੁੱਖ ਕਾਰਨਾਂ ਵਿੱਚੋਂ ਇੱਕ ਏ । ਭਾਰਤ ਤੰਬਾਕੂ ਦਾ ਦੂਜਾ ਸਭ ਤੋਂ ਵੱਡਾ ਖਪਤਕਾਰ ਅਤੇ ਉਤਪਾਦਕ ਵੀ ਏ। ਆਲਮੀ ਯੁਵਾ ਤੰਬਾਕੂ ਸਰਵੇਖਣ 2019 ਅਨੁਸਾਰ, ਦੇਸ਼ ਭਰ ਵਿੱਚ 13 ਤੋਂ 15 ਸਾਲ ਦੀ ਉਮਰ ਦੇ 8.5 ਫ਼ੀਸਦੀ ਸਕੂਲੀ ਵਿਦਿਆਰਥੀ ਵੱਖ-ਵੱਖ ਰੂਪਾਂ ਵਿੱਚ ਤੰਬਾਕੂ ਦਾ ਸੇਵਨ ਕਰਦੇ ਨੇ ।

ਖਰੜ ਦੇ ਕਾਰਜਕਾਰੀ ਸੀਨੀਅਰ ਮੈਡੀਕਲ ਅਫਸਰ ਡਾ: ਰਾਹੁਲ ਭੱਲਾ ਇਸ ਬਾਰੇ ਦੱਸਦੇ ਨੇ।

BYTE

ਇਸ ਸਾਲ ਦਾ ਵਿਸ਼ਾ - ਅਪੀਲ ਦਾ ਪਰਦਾਫਾਸ਼: ਤੰਬਾਕੂ ਅਤੇ ਨਿਕੋਟੀਨ

ਉਤਪਾਦਾਂ 'ਤੇ ਉਦਯੋਗ ਦੀਆਂ ਚਾਲਾਂ ਨੂੰ ਉਜਾਗਰ ਕਰਨਾ- ਰੱਖਿਆ ਗਿਆ ਏ, ਜੋ ਤੰਬਾਕੂ ਉਤਪਾਦਾਂ ਦੇ ਲੁਕਵੇਂ ਖ਼ਤਰਿਆਂ ਨੂੰ ਉਜਾਗਰ ਕਰਨ 'ਤੇ ਕੇਂਦ੍ਰਿਤ ਏ । ਜਲੰਧਰ ਤੋਂ ਆਕਾਸ਼ਵਾਣੀ ਖਬਰਾਂ ਨਾਲ ਮੈਂ ਕਾਜਲ

---------------------------------------------------

ਇਸ ਮੌਕੇ ਸੂਬੇ ਭਰ ਵਿਚ ਲੋਕਾਂ ਨੂੰ ਤੰਬਾਕੂ ਦੇ ਮਾੜੇ ਪ੍ਰਭਾਵ ਬਾਰੇ ਜਾਗਰੂਕ ਕਰਨ ਲਈ ਪ੍ਰੋਗਰਾਮ ਕੀਤੇ ਗਏ । ਜਲੰਧਰ ਸਥਿਤ ਲਾਇਲਪੁਰ ਖਾਲਸਾ ਕਾਲਜ ਫਾਰ ਵੂਮੈਨ ਦੇ ਐਨ.ਐਸ.ਐਸ ਵਿਭਾਗ ਨੇ ਤੰਬਾਕੂ ਰਹਿਤ ਦਿਵਸ ਮਨਾਉਦਿਆਂ  ਵਿਸ਼ੇ 'ਤੇ ਚਾਨਣਾ ਪਾਇਆ । ਵਲੰਟੀਅਰਾਂ ਨੇ ਤੰਬਾਕੂ ਦੇ ਸੇਵਨ ਅਤੇ ਸਿਗਰਟਨੋਸ਼ੀ ਦੇ ਨੁਕਸਾਨਦੇਹ ਪ੍ਰਭਾਵਾਂ ਬਾਰੇ ਇੱਕ ਡਾਕਟਰ ਦੀ ਦਸਤਾਵੇਜ਼ੀ ਫਿਲਮ ਵਿੱਚ ਸ਼ਿਰਕਤ ਕੀਤੀ, ਬਾਅਦ  ਵਿੱਚ ਇੱਕ ਪ੍ਰਣ ਲਿਆ । ਓਧਰ ਪਠਾਨਕੋਟ  ਸਿਵਲ ਹਸਪਤਾਲ ਪਠਾਨਕੋਟ ਦੇ ਨਸ਼ਾ ਛੁਡਾਊ ਕੇਂਦਰ ਵਿਚ ਜ਼ਿਲ੍ਹਾ ਨੋਡਲ ਅਫ਼ਸਰ ਡਾ. ਸਾਕਸ਼ੀ ਨੇ ਲੋਕਾਂ ਨੂੰ ਦੱਸਿਆ ਕਿ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਨਸ਼ਾ ਛੁਡਾਊ ਕੇਂਦਰ ਵਿੱਚ ਪੀ.ਐਲ.ਬੀ.ਵੀ. ਨਿਯੁਕਤ

ਕੀਤੇ ਗਏ ਨੇ ਜਿਨ੍ਹਾਂ ਤੋਂ ਮੁਫ਼ਤ ਕਾਨੂੰਨੀ ਸਹਾਇਤਾ ਪ੍ਰਾਪਤ ਕੀਤੀ ਜਾ ਸਕਦੀ ਏ। ਸ੍ਰੀ ਮੁਕਤਸਰ ਸਾਹਿਬ ਦੇ ਜ਼ਿਲ੍ਹਾ ਅਤੇ ਸੈਸ਼ਨ ਜੱਜ ਰਾਜ ਕੁਮਾਰ ਦੀ ਅਗਵਾਈ ਹੇਠ, ਨਸ਼ਿਆਂ ਦੇ ਵਿਰੁੱਧ ਸੈਮੀਨਾਰ ਕਰਵਾਇਆ ਗਿਆ। ਇਸ ਸੈਮੀਨਾਰ ਵਿੱਚ  ਸਕੂਲ ਦੇ ਬੱਚਿਆਂ ਅਤੇ ਸਮਾਜ ਦੇ ਆਮ ਲੋਕਾਂ ਨੂੰ  ਆਉਣ ਵਾਲੀ ਪੀੜ੍ਹੀ ਨੂੰ ਨਸ਼ੇ ਤੋਂ ਬਚਾਓਨ  ਅਤੇ ਦੇਸ਼ ਨੂੰ ਨਸ਼ਾ ਮੁਕਤ ਦੇਸ਼ ਬਣਾਓਨ ਦੀ ਅਪੀਲ ਕੀਤੀ ਗਈ। ਮੋਹਾਲੀ  ਦੇ ਡਾ. ਬੀ.ਆਰ. ਅੰਬੇਡਕਰ ਸਟੇਟ ਇੰਸਟੀਚਿਊਟ ਆਫ਼ ਮੈਡੀਕਲ ਸਾਇੰਸਜ਼ ਨੇ ਕੈਂਪਸ-ਪੱਧਰੀ ਰੈਲੀ ਕੱਢੀ ਗਈ। ਵਿਦਿਆਰਥੀਆਂ ਨੇ ਪ੍ਰਭਾਵਸ਼ਾਲੀ ਪੋਸਟਰ ਪ੍ਰਦਰਸ਼ਿਤ ਕੀਤੇ, ਪ੍ਰਚਾਰ ਸਮੱਗਰੀ ਵੰਡੀ ਅਤੇ ਤੰਬਾਕੂ ਰਹਿਤ ਭਵਿੱਖ ਪ੍ਰਤੀ ਆਪਣੀ ਵਚਨਬੱਧਤਾ ਦੀ ਪੁਸ਼ਟੀ ਕਰਦੇ ਹੋਏ ਲਿਖਤੀ ਤੰਬਾਕੂ ਵਿਰੋਧੀ ਸਹੁੰ ਚੁੱਕੀ।

---------------------------------------------------------------

BSF ਨੇ ਦੱਸਿਆ ਏ ਕਿ, 'ਏਕ ਭਾਰਤ ਸ਼੍ਰੇਸ਼ਠ ਭਾਰਤ' ਤਹਿਤ ਕਰਾਏ ਜਾਂਦੇ ਪ੍ਰੋਗ੍ਰਾਮਾਂ ਦੀ ਲੜੀ 'ਚ ਰਾਸ਼ਟਰੀ ਏਕਤਾ ਤੇ ਭਾਈਚਾਰਕ ਭਾਵਨਾ ਦੇ ਜੀਵੰਤ ਜਜ਼ਬੇ 'ਚ BSF ਵਲੋਂ ਇੱਕ ਸਾਇਕਲ ਰੈਲੀ ਕਰਾਈ ਗਈ.

ਇਸ ਰੈਲੀ’ਚ BSF ਮੁਲਾਜ਼ਮਾਂ ਅਤੇ ਸਰਹੱਦੀ ਪਿੰਡਾਂ ਦੇ ਸਥਾਨਕ ਲੋਕਾਂ ਨੇ ਬੜੇ ਹਿ ਉਤਸ਼ਾਹ ਨਾਲ ਹਿੱਸਾ ਲਿਆ. ਇਹ ਭਾਰਤ ਸਰਕਾਰ ਦੀ ਇੱਕ ਪਹਿਲ ਏ ਜਿਸਦਾ ਉਦੇਸ਼ ਸਾਡੇ ਦੇਸ਼ ਦੀਆਂ ਰਵਾਇਤਾਂ ਨੂੰ ਇਕੱਠੇ ਅੱਗੇ ਵਧਾਉਣਾ ਏ. ਇਸ ਰੈਲੀ ਵਿੱਚ ਵੱਖ-ਵੱਖ ਖੇਤਰਾਂ ਦੇ ਨੌਜਵਾਨਾਂ, ਸਕੂਲੀ ਬੱਚਿਆਂ ਅਤੇ ਬੀਐਸਐਫ ਜਵਾਨਾਂ ਨੇ ਹਿੱਸਾ ਲਿਆ. BSF ਦੇ DIG SS ਚੰਦੇਲ ਨੇ ਇਸ ਮੌਕੇ ਕਿਹਾ –

BYTE –

ਸਰਹੱਦੀ ਪਿੰਡ ਦੇ ਇੱਕ ਨਿਵਾਸੀ ਅਤੇ ਕਿਸਾਨ ਆਗੂ ਨੇ ਕਿਹਾ ਕਿ ਬੀਐਸਐਫ ਦਾ ਇਹ ਉਪਰਾਲਾ ਸ਼ਲਾਘਾਯੋਗ ਏ, ਇਸ ਨਾਲ ਨੌਜਵਾਨਾਂ ਨੂੰ ਨਸ਼ਿਆਂ ਦੇ ਆਦੀ ਹੋਣ ਤੋਂ ਰੋਕਿਆ ‘ਚ ਮਦਦ ਮਿਲੇਗੀ ਅਤੇ ਨੌਜਵਾਨ ਤੰਦਰੁਸਤ ਰਹਿਣਗੇ, ਅਤੇ ਇਸੇ ਲਈ ਅਜਿਹੇ ਪ੍ਰੋਗਰਾਮ ਹੁੰਦੇ ਰਹਿਣੇ ਚਾਹੀਦੇ ਨੇ

---------------------------------------------------------

ਬਠਿੰਡਾ ਸਥਿਤ ਪੀ.ਏ.ਯੂ ਕ੍ਰਿਸ਼ੀ ਵਿਗਿਆਨ ਕੇਂਦਰ ਵੱਲੋਂ ਵਿਕਸਿਤ ਕ੍ਰਿਸ਼ੀ ਸੰਕਲਪ ਅਭਿਆਨ 2025 ਤਹਿਤ ਤਲਵੰਡੀ ਸਾਬੋ ਬਲਾਕ ਦੇ

ਪਿੰਡ ਬਾਘਾ, ਤਰਖਾਣ ਵਾਲਾ, ਰਾਮ ਸਰਾ ਅਤੇ ਸੁਖਲੱਧੀ ਵਿਖੇ ਕੈਂਪ ਅਤੇ ਨੁਕੜ ਮੀਟਿੰਗਾਂ ਦਾ ਅਯੋਜਿਨ ਕੀਤਾ ਗਿਆ । ਇਨ੍ਹਾਂ ਕੈਂਪਾਂ ਦੌਰਾਨ ਪਸਾਰ ਸਿਖਿਆ ਕੇ.ਵੀ.ਕੇ ਦੇ ਡਾ. ਗੁਰਮੀਤ ਸਿੰਘ ਢਿੱਲੋਂ ਨੇ ਸਾਉਣੀ ਦੀਆਂ ਫਸਲਾਂ ਦੀ ਬਿਜਾਈ ਸੰਬੰਧੀ ਨੁਕਤੇ, ਬੀਜ ਸੋਧ, ਸੰਯੁਕਤ ਕੀਟ ਪ੍ਰਬੰਧਨ ਸੰਬੰਧੀ ਜਾਣਕਾਰੀ ਦਿੱਤੀ । ਇਸ ਦੌਰਾਨ ਸਹਾਇਕ ਪ੍ਰੋਫੈਸਰ ਡਾ. ਰਮਨਦੀਪ ਕੌਰ ਨੇ ਡਰੋਨ ਤਕਨੋਲੋਜੀ, ਸੁਚੱਝਾ ਮੰਡੀਕਰਨ, ਤੇਲ ਬੀਜ ਫਸਲਾਂ ਦੀ ਪ੍ਰੋਸੈਸਿੰਗ ਅਤੇ ਪੈਕਿੰਗ ਕਰਕੇ ਮੁੱਲ ਵਧਾਊ ਉਤਪਾਦ ਪੈਦਾ ਕਰਨ ਸੰਬੰਧੀ ਜਾਣਕਾਰੀ ਸਾਂਝੀ ਕੀਤੀ। ਇਸ ਮੌਕੇ ਕਿਸਾਨਾਂ ਦੇ ਖੇਤਾਂ ਦਾ ਦੌਰਾ ਕਰਕੇ ਖੇਤ ਮਿੱਟੀ ਦਾ ਨਮੂਨੇ ਲੈਣ ਦਾ ਤਰੀਕਾ ਸਾਂਝਾ ਕੀਤਾ ਗਿਆ ਅਤੇ ਖੇਤੀ ਸੰਬੰਧੀ ਸਾਹਿਤ ਅਤੇ ਪ੍ਰਕਾਸ਼ਨਾਵਾਂ ਵੀ ਕਿਸਾਨਾਂ ਨੂੰ ਮੁਹੱਈਆ ਕਰਵਾਈਆਂ ਗਈਆਂ। ਇਨ੍ਹਾਂ ਕੈਂਪਾਂ ਚ 560 ਕਿਸਾਨਾਂ ਅਤੇ ਕਿਸਾਨ ਬੀਬੀਆਂ ਨੇ ਸ਼ਮੂਲੀਅਤ ਕੀਤੀ

---------------------------------------------------------

ਸ੍ਰੀ ਮੁਕਤਸਰ ਸਾਹਿਬ ਦੇ ਕ੍ਰਿਸ਼ੀ ਵਿਗਆਨ ਕੇਂਦਰ ਵੱਲੋਂ ਵਿਕਸਿਤ ਕ੍ਰਿਸ਼ੀ ਸੰਕਲਪ ਅਭਿਆਨ ਤਹਿਤ ਤਿੰਨ ਟੀਮਾਂ ਨੇ ਜ਼ਿਲ੍ਹੇ ਦੇ 9 ਪਿੰਡਾਂ ਚ

ਜਾਗਰੂਕਤਾ ਕੈਂਪ ਲਗਾ ਕੇ ਕਿਸਾਨਾਂ ਨੂੰ ਜਾਗਰੂਕ ਕੀਤਾ । ਇਹਨਾਂ ਕੈਂਪਾਂ ਵਿੱਚ ਸਾਉਣੀ ਦੀਆਂ ਵੱਖ-ਵੱਖ ਫਸਲਾਂ ਦੀ ਕਾਸ਼ਤ ਦੇ ਉੱਨਤ ਢੰਗਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਸਾਂਝੀ ਕੀਤੀ ਗਈ।

-----------------------------------------------------------

ਪੰਜਾਬ ਵਿਧਾਨ ਸਭਾ ਦੀ ਲੁਧਿਆਣਾ ਪੱਛਮੀ ਸੀਟ ਲਈ ਨਾਮਜ਼ਦਗੀਆਂ ਦੇ ਛੇਵੇਂ ਦਿਨ 6 ਨਾਮਜ਼ਦਗੀ ਪੱਤਰ ਦਾਖਲ ਹੋਏ ਨੇ ।ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ ਦੱਸਿਆ ਕਿ ਲੁਧਿਆਣਾ ਪੱਛਮੀ ਸੀਟ ਲਈ ਅੱਜ ਨੈਸ਼ਨਲ ਲੋਕ ਸੇਵਾ ਪਾਰਟੀ ਤੋਂ ਉਮੀਦਵਾਰ ਜਤਿੰਦਰ ਕੁਮਾਰ ਸ਼ਰਮਾ ਵੱਲੋਂ ਨਾਮਜ਼ਦਗੀ ਪੱਤਰ ਦਾਖ਼ਲ ਕੀਤਾ ਗਿਆ ਏ । ਇਸ ਤੋਂ ਇਲਾਵਾ ਪੰਜ ਆਜ਼ਾਦ ਉਮੀਦਵਾਰਾਂ ਪਰਮਜੀਤ ਸਿੰਘ ਭਰਾਜ, ਅਲਬਰਟ ਦੂਆ, ਕਮਲ ਪਵਾਰ, ਰਾਜੇਸ਼ ਸ਼ਰਮਾ ਅਤੇ ਨੀਤੂ ਵੱਲੋਂ ਨਾਮਜ਼ਦਗੀ ਭਰੀ ਗਈ ਏ । ਉਨ੍ਹਾਂ ਦੱਸਿਆ ਕਿ ਹੁਣ ਤੱਕ ਕੁੱਲ 14 ਨਾਮਜ਼ਦਗੀ ਪੱਤਰ ਦਾਖ਼ਲ ਹੋ ਚੁੱਕੇ ਨੇ । ਜ਼ਿਕਰਯੋਗ ਏ ਕਿ ਭਲਕੇ ਪਹਿਲੀ ਜੂਨ ਨੂੰ ਸਰਕਾਰੀ ਛੁੱਟੀ ਹੋਣ ਕਰਕੇ ਨਾਮਜ਼ਦਗੀ ਪੱਤਰ ਦਾਖਲ ਨਹੀਂ ਕੀਤੇ ਜਾ ਸਕਣਗੇ, ਜਦਕਿ 2 ਜੂਨ ਨਾਮਜ਼ਦਗੀਆਂ ਭਰਨ

ਦੀ ਆਖਰੀ ਤਰੀਕ ਏ। ਉੱਥੇ ਹੀ ਨਾਮਜ਼ਦਗੀ ਪੱਤਰਾਂ ਦੀ ਪੜਤਾਲ 3 ਜੂਨ ਨੂੰ ਕੀਤੀ ਜਾਵੇਗੀ।

---------------------------------------------------------

ਅੱਜ ਜਲੰਧਰ, ਪਟਿਆਲਾ, ਮੋਹਾਲੀ ਸਮੇਤ ਸੂਬੇ ਦੀਆਂ ਕਈ ਥਾਵਾਂ ਤੇ ਅਚਾਨਕ ਆਈ ਹਨੇਰੀ ਤੇ ਹਲਕੇ ਮੀਂਹ ਕਾਰਨ ਮੌਸਮ ਵਿੱਚ ਤਬਦੀਲੀ ਆਈ ਏ। ਇਸ ਨਾਲ ਮੌਸਮ ਸੁਹਾਵਣਾ ਹੋ ਗਿਆ ਏ ਅਤੇ ਲੋਕਾਂ ਨੂੰ ਗਰਮੀ ਤੋਂ ਕੁਝ ਰਾਹਤ ਮਿਲੀ ਏ

ਮੌਸਮ ਵਿਭਾਗ ਨੇ ਆਉਂਦੇ ਕੁਝ ਦਿਨਾਂ ਲਈ ਮੌਸਮ ਵਿੱਚ ਇਸੇ ਤਰਾਂ ਦੇ ਹਾਲਤ ਬਣੇ ਰਹਿਣ ਦੀ ਪੇਸ਼ੀਨਗੋਈ ਕੀਤੀ ਏ।

---------------------------------------------------------

ਭਾਰਤ ਦੀ ਮੋਨਾ ਅਗਰਵਾਲ ਨੇ ਦੱਖਣੀ ਕੋਰੀਆ ਦੇ ਚਾਂਗਵੋਨ ਵਿੱਚ, 2025 ਪੈਰਾ ਸ਼ੂਟਿੰਗ ਵਿਸ਼ਵ ਕੱਪ ਵਿੱਚ, ਮਹਿਲਾਵਾਂ ਦੇ P2 - 10 ਮੀਟਰ ਏਅਰ ਪਿਸਟਲ SH-1 ਮੁਕਾਬਲੇ ਵਿੱਚ ਚਾਂਦੀ ਦਾ ਤਮਗਾ ਜਿੱਤਿਆ ਏ।

---------------------------------------------------------